ਪੋਲੈਂਡ ਦੇ ਪ੍ਰਧਾਨ ਮੰਤਰੀ ਦਾ ਭਾਰਤ ਦੌਰਾ (21-23 ਅਕਤੂਬਰ, 2026)

ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਦੇ ਸੱਦੇ 'ਤੇ, ਪੋਲੈਂਡ ਗਣਰਾਜ ਦੇ ਪ੍ਰਧਾਨ ਮੰਤਰੀ, ਮਹਾਮਹਿਮ ਸ਼੍ਰੀ ਡੋਨਾਲਡ ਟਸਕ 21 ਤੋਂ 23 ਅਕਤੂਬਰ 2026 ਤੱਕ ਭਾਰਤ ਦਾ ਅਧਿਕਾਰਤ ਦੌਰਾ ਕਰਨਗੇ।। ਪ੍ਰਧਾਨ ਮੰਤਰੀ ਡੋਨਾਲਡ ਟਸਕ ਦੇ ਨਾਲ ਵਿੱਤ ਅਤੇ ਅਰਥਵਿਵਸਥਾ ਮੰਤਰੀ ਸ਼੍ਰੀ ਆਂਦਰੇਜ ਡੋਮੰਸਕੀ ਅਤੇ ਇੱਕ ਵੱਡਾ ਵਪਾਰਕ ਵਫ਼ਦ ਵੀ ਹੋਵੇਗਾ। ਪੋਲੈਂਡ ਦੇ ਪ੍ਰਧਾਨ ਮੰਤਰੀ ਵਜੋਂ ਪ੍ਰਧਾਨ ਮੰਤਰੀ ਟਸਕ ਦਾ ਇਹ ਭਾਰਤ ਦਾ ਦੂਜਾ ਦੌਰਾ ਹੋਵੇਗਾ, ਇਸ ਤੋਂ ਪਹਿਲਾਂ ਉਹ 2010 ਵਿੱਚ ਆਪਣੇ ਪਿਛਲੇ ਕਾਰਜਕਾਲ ਦੌਰਾਨ ਭਾਰਤ ਆਏ ਸਨ।। ਪ੍ਰਧਾਨ ਮੰਤਰੀ ਟਸਕ ਨੇ 2017 ਵਿੱਚ ਯੂਰੋਪੀਅਨ ਕੌਂਸਲ ਦੇ ਰਾਸ਼ਟਰਪਤੀ ਵਜੋਂ ਭਾਰਤ-ਯੂਰੋਪੀਅਨ ਸਿਖਰ ਸੰਮੇਲਨ ਲਈ ਨਵੀਂ ਦਿੱਲੀ ਦਾ ਦੌਰਾ ਵੀ ਕੀਤਾ ਸੀ।।

2. ਪ੍ਰਧਾਨ ਮੰਤਰੀ ਟਸਕ 22 ਅਕਤੂਬਰ 2026 ਨੂੰ ਪ੍ਰਧਾਨ ਮੰਤਰੀ ਮੋਦੀ ਨਾਲ ਦੁਵੱਲੀ ਗੱਲਬਾਤ ਕਰਨਗੇ ਜਿਸ ਦੌਰਾਨ ਦੋਵੇਂ ਨੇਤਾ ਦੁਵੱਲੇ ਸਬੰਧਾਂ ਦੇ ਸਮੁੱਚੇ ਪਹਿਲੂਆਂ ਦੀ ਸਮੀਖਿਆ ਕਰਨਗੇ ਅਤੇ ਇਹਨਾਂ ਸਬੰਧਾਂ ਦਾ ਵਿਸਥਾਰ ਅਗਸਤ 2024 ਵਿੱਚ ਪ੍ਰਧਾਨ ਮੰਤਰੀ ਮੋਦੀ ਦੀ ਪੋਲੈਂਡ ਫੇਰੀ ਦੌਰਾਨ ਇੱਕ ਰਣਨੀਤਿਕ ਸਾਂਝੇਦਾਰੀ ਦੇ ਰੂਪ ਵਿੱਚ ਕੀਤਾ ਗਿਆ ਸੀ।। ਉਹ ਆਪਸੀ ਹਿੱਤ ਦੇ ਖੇਤਰੀ ਅਤੇ ਵਿਸ਼ਵਵਿਆਪੀ ਮੁੱਦਿਆਂ 'ਤੇ ਵੀ ਵਿਚਾਰਾਂ ਦਾ ਆਦਾਨ-ਪ੍ਰਦਾਨ ਕਰਨਗੇ। ਪ੍ਰਧਾਨ ਮੰਤਰੀ ਡੋਨਾਲਡ ਟਸਕ ਬੰਗਲੁਰੂ ਦੀ ਵੀ ਦੌਰਾ ਕਰਨਗੇ, ਜਿੱਥੇ ਉਹ ਆਈਟੀ ਅਤੇ ਪੁਲਾੜ ਖੇਤਰਾਂ ਸਮੇਤ ਵੱਖ-ਵੱਖ ਵਪਾਰਕ ਭਾਈਵਾਲਾਂ ਨਾਲ ਗੱਲਬਾਤ ਕਰਨਗੇ। ਭਾਰਤ-ਪੋਲੈਂਡ ਬਿਜਨੈਸ ਫੋਰਮ ਨਵੀਂ ਦਿੱਲੀ ਵਿੱਚ 22 ਅਕਤੂਬਰ ਅਤੇ ਬੰਗਲੁਰੂ ਵਿੱਚ 23 ਅਕਤੂਬਰ ਨੂੰ ਕਰਵਾਇਆ ਜਾਵੇਗਾ।।

3. ਇਹ ਦੌਰਾ ਭਾਰਤ-ਪੋਲੈਂਡ ਦਰਮਿਆਨ ਰਣਨੀਤਕ ਸਾਂਝੇਦਾਰੀ ਨੂੰ ਹੋਰ ਮਜ਼ਬੂਤ ਕਰਨ ਅਤੇ ਵਪਾਰ ਅਤੇ ਨਿਵੇਸ਼, ਰੱਖਿਆ, ਉੱਭਰ ਰਹੀਆਂ ਤਕਨਾਲੋਜੀਆਂ, ਨਵਿਆਉਣਯੋਗ ਊਰਜਾ, ਸਿੱਖਿਆ, ਸੱਭਿਆਚਾਰ ਅਤੇ ਲੋਕਾਂ ਦਰਮਿਆਨ ਸਬੰਧਾਂ ਸਮੇਤ ਆਪਸੀ ਹਿੱਤਾਂ ਦੇ ਖੇਤਰਾਂ ਵਿੱਚ ਸਹਿਯੋਗ ਦੇ ਵਿਸਥਾਰ ਦਾ ਮੌਕਾ ਪ੍ਰਦਾਨ ਕਰੇਗਾ। ਇਸ ਨਾਲ ਭਾਰਤ-ਈਯੂ ਰਣਨੀਤਕ ਸਾਂਝੇਦਾਰੀ ਨੂੰ ਮਜ਼ਬੂਤ ਕਰਨ ਵਿੱਚ ਵੀ ਮਦਦ ਮਿਲੇਗੀ।

ਨਵੀਂ ਦਿੱਲੀ

19 ਅਕਤੂਬਰ 2026